ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਮੋਗਾ

# ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ/ਕ੍ਰਮਚਾਰੀਆਂ ਨੂੰ ਹਿੰਸਾ ਅਤੇ ਅੱਤਵਾਦ ਦਾ ਡਟ ਕੇ ਵਿਰੋਧ ਕਰਨ ਦਾ ਦਿਵਾਇਆ ਪ੍ਰਣ

- **ਢਾਹੂ ਤਾਕਤਾਂ ਵਿਰੁੱਧ ਲੜਨ ਲਈ ਵੀ ਕੀਤਾ ਪ੍ਰੇਰਿਤ**
- **ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਅੱਤਵਾਦ ਵਿਰੋਧੀ ਦਿਵਸ ਮਨਾਇਆ ਗਿਆ**

ਮੋਗਾ 19 ਮਈ:

ਡਿਪਟੀ ਕਮਿਸ਼ਨਰ ਮੋਗਾ ਸ. ਦਿਲਰਾਜ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਮੀਟਿੰਗ ਹਾਲ ਵਿਖੇ ਅੱਤਵਾਦ ਵਿਰੋਧੀ ਦਿਵਸ ਮਨਾਇਆ ਗਿਆ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ/ਕ੍ਰਮਚਾਰੀਆਂ ਨੂੰ ਅੱਤਵਾਦ ਤੇ ਹਿੰਸਾ ਦਾ ਡੱਟ ਕੇ ਵਿਰੋਧ ਕਰਨ ਦਾ ਪ੍ਰਣ ਦਿਵਾਇਆ। ਉਨ੍ਹਾਂ ਇਸ ਮੌਕੇ ਸਮੂਹ ਅਧਿਕਾਰੀਆਂ ਤੇ ਕ੍ਰਮਚਾਰੀਆਂ ਨੂੰ ਸਹੁੰ ਚੁਕਾਈ ਕਿ ਅਸੀਂ ਸਮੂਹ ਭਾਰਤਵਾਸੀ, ਜਿਨ੍ਹਾਂ ਨੂੰ ਅਹਿੰਸਾ ਅਤੇ ਸਹਿਣਸ਼ੀਲਤਾ ਦੀਆਂ ਸ਼ਾਨਦਾਰ ਰਵਾਇਤਾਂ ਵਿੱਚ ਅਟੁੱਟ ਵਿਸ਼ਵਾਸ ਹੈ, ਆਪਣੀ ਪੂਰੀ ਸ਼ਕਤੀ ਨਾਲ ਹਿੰਸਾ ਅਤੇ ਅੱਤਵਾਦ ਦਾ ਡੱਟ ਕੇ ਵਿਰੋਧ ਕਰਦੇ ਹਾਂ। ਉਨ੍ਹਾਂ ਇਹ ਪ੍ਰਣ ਵੀ ਦਿਵਾਇਆ ਕਿ ਅਸੀਂ ਸਮੂਹ ਮਾਨਵਤਾ ਵਿੱਚ ਸ਼ਾਂਤੀ ਅਤੇ ਸਮਾਜਿਕ ਸਦਭਾਵਨਾ ਨੂੰ ਪ੍ਰਫੁੱਲਤ ਕਰਾਂਗੇ ਅਤੇ ਸਮੁੱਚੇ ਮਨੁੱਖੀ ਭਾਈਚਾਰੇ ਨੂੰ ਇੱਕ ਸਮਾਨ ਸਮਝਾਂਗੇ। ਉਨ੍ਹਾਂ ਇਹ ਪ੍ਰਣ ਵੀ ਦਿਵਾਇਆ ਕਿ ਅਸੀਂ ਅਜਿਹੀਆਂ ਸਮੂਹ ਢਾਹੂ ਤਾਕਤਾਂ ਵਿਰੁੱਧ ਲੜਾਂਗੇ, ਜਿਨ੍ਹਾਂ ਤੋਂ ਮਨੁੱਖੀ ਜਾਨਾਂ ਅਤੇ ਕਦਰਾਂ ਕੀਮਤਾਂ ਨੂੰ ਖਤਰਾ ਹੋਵੇ। ਉਨ੍ਹਾਂ ਅਧਿਕਾਰੀਆਂ ਤੇ ਕ੍ਰਮਚਾਰੀਆਂ ਨੂੰ ਅਜਿਹੀਆਂ ਸਮਾਜ ਵਿਰੋਧੀ ਤਾਕਤਾਂ ਅਤੇ ਮਾੜੇ ਅਨਸਰਾਂ ਤੋਂ ਸੁਚੇਤ ਰਹਿਣ ਲਈ ਵੀ ਪ੍ਰੇਰਿਤ ਕੀਤਾ।

ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਸ੍ਰੀ ਅਜੇ ਕੁਮਾਰ ਸੂਦ, ਸਹਾਇਕ ਕਮਿਸ਼ਨਰ ਡਾ: ਪਾਲਿਕਾ ਅਰੋੜਾ, ਐਸ.ਡੀ.ਐਮ ਮੋਗਾ ਚਰਨਦੀਪ ਸਿੰਘ, ਐਸ.ਡੀ.ਐਮ ਬਾਘਾਪੁਰਾਣਾ ਹਰਪ੍ਰੀਤ ਸਿੰਘ ਅਟਵਾਲ, ਜ਼ਿਲ੍ਹਾ ਟਰਾਂਸਪੋਰਟ ਅਫ਼ਸਰ ਗੁਰਵਿੰਦਰ ਸਿੰਘ ਜੌਹਲ, ਜ਼ਿਲ੍ਹਾ ਮਾਲ ਅਫ਼ਸਰ ਮੈਡਮ ਸਵਿਤਾ, ਤਹਿਸੀਲਦਾਰ ਪਵਨ ਕੁਮਾਰ ਗੁਲਾਟੀ, ਨਾਇਬ ਤਹਿਸੀਲਦਾਰ ਮਨਿੰਦਰ ਸਿੰਘ  ਤੋਂ ਇਲਾਵਾ ਵੱਡੀ ਗਿਣਤੀ ਵਿੱਚ ਅਧਿਕਾਰੀ ਤੇ ਕ੍ਰਮਚਾਰੀ ਸ਼ਾਮਲ ਹੋਏ।

------------------

ਨੰ: ਪੀ.ਆਰ(ਪ੍ਰੈ ਰੀ)2017/271

ਫ਼ੋਟੋ ਕੈਪਸ਼ਨ-ਡਿਪਟੀ ਕਮਿਸ਼ਨਰ ਸ. ਦਿਲਰਾਜ ਸਿੰਘ ਮੀਟਿੰਗ ਹਾਲ ਵਿਖੇ ਅਧਿਕਾਰੀਆਂ/ਕ੍ਰਮਚਾਰੀਆਂ ਨੂੰ ਅੱਤਵਾਦ ਤੇ ਹਿੰਸਾ ਦਾ ਵਿਰੋਧ ਕਰਨ ਦਾ ਪ੍ਰਣ ਦਿਵਾਉਂਦੇ ਹੋਏ।



